# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 23-04-2024**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਲ ਰਾਤ ਰਾਸ਼ਟਰਪਤੀ ਭਵਨ ਵਿਖੇ ਹੋਏ ਇਕ ਸਮਾਗਮ ਦੌਰਾਨ ਸਾਲ 2024 ਲਈ ਪਦਮ ਵਿਭੂਸ਼ਣ, ਪਦਮ ਭੂਸ਼ਣ ਅਤੇ ਪਦਮ ਸ੍ਰੀ ਪੁਰਸਕਾਰ ਪ੍ਰਦਾਨ ਕੀਤੇ। ਇਸ ਸਮਾਗਮ ਵਿੱਚ ਉਪ ਰਾਸ਼ਟਰਪਤੀ ਜਗਦੀਪ ਧਨਖੜ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਅਤੇ ਹੋਰ ਪਤਵੰਤੇ ਮੌਜੂਦ ਸਨ। ਰਾਸ਼ਟਰਪਤੀ ਨੇ ਪੰਜਾਬ ਦੀ ਅਦਾਕਾਰਾ ਨਿਰਮਲ ਰਿਸ਼ੀ ਨੂੰ ਕਲਾ ਦੇ ਖੇਤਰ ਵਿੱਚ ਉਪਲੱਬਧੀਆਂ ਲਈ ਪਦਮ ਸ੍ਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ। ਅਦਾਕਾਰਾ ਨਿਰਮਲ ਰਿਸ਼ੀ ਪੰਜਾਬੀ ਸਿਨੇਮਾ ਦੀ ਇੱਕ ਉੱਘੀ ਸ਼ਖ਼ਸੀਅਤ ਨੇ ਅਤੇ ਉਨ੍ਹਾਂ ਨੇ ਕਲਾ ਤੇ ਸਭਿਆਚਾਰ ਦੇ ਖੇਤਰ ਵਿੱਚ ਬਹੁਤ ਵੱਡਾ ਯੋਗਦਾਨ ਪਾਇਆ ਏ। ਪਹਿਲੀ ਨਵੰਬਰ 1943 ਨੂੰ ਜਨਮੇ ਨਿਰਮਲ ਰਿਸ਼ੀ ਨੇ 1966 ਵਿੱਚ ਰਾਜਸਥਾਨ

ਯੂਨੀਵਰਸਿਟੀ ਤੋਂ ਗ੍ਰੈਜੂਏਸ਼ਨ ਦੀ ਪੜ੍ਹਾਈ ਕੀਤੀ ਅਤੇ ਫਿਰ ਪੰਜਾਬੀ ਯੂਨੀਵਰਸਿਟੀ ਤੋਂ ਐੱਮ ਐੱਡ ਕੀਤੀ।

---------------------------------------------------------------

ਕਾਂਗਰਸ ਪਾਰਟੀ ਨੇ ਲੋਕ ਸਭਾ ਉਮੀਦਵਾਰਾਂ ਦੀ ਕਲ ਰਾਤ ਇਕ ਹੋਰ ਸੂਚੀ ਜਾਰੀ ਕੀਤੀ ਏ। ਇਸ ਵਿੱਚ ਪੰਜਾਬ ਦੇ ਦੋ ਉਮੀਦਵਾਰਾਂ ਦੇ ਨਾਮ ਵੀ ਸ਼ਾਮਲ ਨੇ। ਹੁਸ਼ਿਆਰਪੁਰ ਤੋਂ ਯਾਮਿਨੀ ਗੋਮਰ ਅਤੇ ਫਰੀਦਕੋਟ ਤੋਂ ਅਮਰਜੀਤ ਕੌਰ ਸਾਹੋਕੇ ਨੂੰ ਪਾਰਟੀ ਟਿਕਟ ਦਿੱਤੀ ਗਈ ਏ। ਕਾਂਗਰਸ ਨੇ ਫਰੀਦਕੋਟ ਤੋਂ ਮੌਜੂਦਾ ਸੰਸਦ ਮੈਂਬਰ ਮੁਹੰਮਦ ਸਦੀਕ ਦੀ ਟਿਕਟ ਕੱਟ ਦਿੱਤੀ ਏ। ਅਮਰਜੀਤ ਕੌਰ ਸਾਹੋਕੇ ਦੇ ਪਤੀ ਭੁਪਿੰਦਰ ਸਾਹੋਕੇ ਨੇ 2022 ਦੀ ਵਿਧਾਨ ਸਭਾ ਚੋਣ ਨਿਹਾਲ ਸਿੰਘ ਵਾਲਾ ਸੀਟ ਤੋਂ ਲੜੀ ਸੀ, ਪਰ ਹਾਰ ਗਏ ਸਨ ਜਦਕਿ ਯਾਮਿਨੀ ਗੋਮਰ ਨੇ 2014 ‘ਚ ਆਮ ਆਦਮੀ ਪਾਰਟੀ ਦੀ ਟਿਕਟ ‘ਤੇ ਚੋਣ ਲੜੀ ਸੀ ਅਤੇ ਹਾਰ ਦਾ ਸਾਹਮਣਾ ਕਰਨਾ ਪਿਆ ਸੀ। ਮਗਰੋਂ ਮਤਭੇਦਾਂ ਕਾਰਨ 2016 ਵਿੱਚ ਉਨਾਂ ਪਾਰਟੀ ਛੱਡ ਦਿੱਤੀ ਸੀ। ਪੰਜਾਬ ਵਿੱਚ ਕਾਂਗਰਸ ਹੁਣ ਤੱਕ 8 ਉਮੀਦਵਾਰਾਂ ਦਾ ਐਲਾਨ ਕਰ ਚੁੱਕੀ ਏ ਅਤੇ 5 ਸੀਟਾਂ ਖਡੂਰ ਸਾਹਿਬ,

ਲੁਧਿਆਣਾ, ਗੁਰਦਾਸਪੁਰ, ਆਨੰਦਪੁਰ ਸਾਹਿਬ ਅਤੇ ਫ਼ਿਰੋਜ਼ਪੁਰ ਲਈ ਐਲਾਨ ਹੋਣਾ ਹਾਲੇ ਬਾਕੀ ਏ।

-------------------------------------------------------

ਹਿੰਦੂ ਕੰਨਿਆ ਕਾਲਜ ਕਪੂਰਥਲਾ ਵਿਖੇ 'ਟੀਚਿੰਗ ਲਰਨਿੰਗ ਨੂੰ ਪ੍ਰਭਾਵੀ ਕਿਵੇਂ ਬਣਾਈਏ' ਵਿਸ਼ੇ ਤੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਦਾ ਮੰਤਵ ਅਧਿਆਪਕਾਂ ਨੂੰ ਬਦਲਦੇ ਦੌਰ ਵਿੱਚ ਅਧਿਆਪਨ ਦੇ ਨਵੇਂ-ਨਵੇਂ ਤਰੀਕਿਆਂ ਤੋਂ ਜਾਣੂ ਕਰਵਾਉਣਾ ਰਿਹਾ । ਰੀਜ਼ਨਲ ਆਫ਼ੀਸਰ,ਸਾਊਥ ਜੋਨ,ਡੀਏਵੀ ਇੰਸਟੀਚਿਊਸ਼ਨ ਮੀਨੂੰ ਅਗਰਵਾਲ ਨੇ ਇਸ ਵਿਚ ਵਿਸ਼ੇਸ਼ ਤੇ ਸ਼ਿਰਕਤ ਕੀਤੀ। ਆਪਣੇ ਸੰਬੋਧਨ ਵਿਚ ਉਨਾਂ ਕਿਹਾ ਕਿ ਅਧਿਆਪਕ ਦਾ ਪੜ੍ਹਾਉਣ ਦਾ ਤਰੀਕਾ ਬੇਹੱਦ ਪ੍ਰਭਾਵਸ਼ਾਲੀ ਹੋਣਾ ਚਾਹੀਦਾ ਏ ਤਾਂ ਜੋ ਵਿਦਿਆਰਥੀਆਂ ਨਾਲ ਉਨ੍ਹਾਂ ਦੀ ਅਟੁੱਟ ਸਾਂਝ ਬਣ ਸਕੇ। ਉਨਾਂ ਕਿਹਾ ਕਿ ਇਕ ਅਧਿਆਪਕ ਹੀ ਏ ਜਿਹੜਾ ਵਿਦਿਆਰਥੀਆਂ ਨੂੰ ਜ਼ਿੰਦਗੀ ਵਿੱਚ ਇਕ ਵਧੀਆ ਸੇਧ ਦੇ ਸਕਦਾ ਏ। ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਨੂੰ ਤਰਕਵਾਦੀ ਸੋਚ ਰੱਖਣੀ ਸਿਖਾਉਣਾ ਚਾਹੀਦਾ ਏ ਤਾਂ ਹੀ ਉਹ ਵਿਸ਼ੇ ਨੂੰ ਗਹਿਰਾਈ ਨਾਲ ਸਮਝ

ਸਕਦੇ ਨੇ। ਉਨ੍ਹਾਂ ਕਲਾਸ ਵਿੱਚ ਪ੍ਰਭਾਵਸ਼ਾਲੀ ਅਨੁਕੂਲ ਮਾਹੌਲ ਨਿਰਮਾਣ ਦੀ ਮਹੱਤਤਾ ਤੇ ਵੀ ਜ਼ੋਰ ਦਿੱਤਾ ਤਾਂ ਜੋ ਵਿਦਿਆਰਥੀਆਂ ਦੀ ਸਿਖਣ ਪ੍ਰਤਿਭਾ ਨੂੰ ਵਧਾਇਆ ਜਾ ਸਕੇ। ਆਈ ਕਿਉ ਏ ਸੀ ਦੇ ਕਾਰਡੀਨੇਟਰ ਡਾ. ਰੀਤੂ ਗੁਪਤਾ ਸਮੇਤ ਹੋਰ ਪਤਵੰਤੇ ਇਸ ਮੌਕੇ ਮੌਜੂਦ ਰਹੇ।

---------------------------------------------------------------

ਸ੍ਰੀ ਮੁਕਤਸਰ ਸਾਹਿਬ ਦੇ ਜਿਲਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਸੂਦਨ ਦੀਆ ਹਦਾਇਤਾਂ ਅਨੁਸਾਰ ਗਿੱਦੜਬਾਹਾ ਦੇ ਰਿਟਰਨਿੰਗ ਅਫਸਰ ਡਾ: ਅਜੀਤਪਾਲ ਸਿੰਘ ਚਹਿਲ ਦੀ ਅਗਵਾਈ ਹੇਠ ਜਿਲ੍ਹਾ ਸਵੀਪ ਨੋਡਲ ਅਫਸਰ ਕਪਿਲ ਸ਼ਰਮਾ ਦੇ ਸਹਿਯੋਗ ਨਾਲ ਸਵੀਪ ਟੀਮ ਗਿੱਦਰਬਾਹਾ ਨੇ ਲੋਕ ਸਭਾ ਚੋਣਾਂ ਸਬੰਧੀ ਬੀ.ਐਲ.ਓ. ਜਗਮੀਤ ਸਿੰਘ ਅਤੇ ਜਸਵੀਰ ਸਿੰਘ ਦੀ ਹਾਜ਼ਰੀ ਵਿੱਚ ਵੋਟਰਾਂ ਨੂੰ ਜਾਗਰੂਕ ਕਰਨ ਲਈ ਸੀਨੀਅਰ ਸੈਕੰਡਰੀ ਸਕੂਲ ਕੁਰਾਈਵਾਲਾ ਵਿਖੇ ਜਾਗਰੂਕਤਾ ਰੈਲੀ ਦਾ ਆਯੋਜਨ ਕੀਤਾ। ਇਸ ਰੈਲੀ ਵਿੱਚ ਬੱਚਿਆਂ ਨੇ ਸਲੋਗਨਾਂ ਰਾਹੀਂ ਵੋਟਰਾਂ ਨੂੰ ਬਿਨ੍ਹਾਂ ਕਿਸੇ ਡਰ, ਭੈ,

ਲਾਲਚ ਤੋਂ ਮਤਦਾਨ ਦੀ ਅਪੀਲ ਕੀਤੀ। ਸਕੂਲ ਇੰਚਾਰਜ ਕੁਲਵਿੰਦਰ ਸਿੰਘ ਅਤੇ ਸਮੂਹ ਸਟਾਫ ਵੀ ਇਸ ਮੌਕੇ ਤੇ ਹਾਜ਼ਰ ਸਨ।

-----------------------------------------------------

ਬਠਿੰਡਾ ਦੇ ਮੁੱਖ ਖੇਤੀਬਾੜੀ ਅਫਸਰ ਡਾ. ਕਰਨਜੀਤ ਸਿੰਘ ਗਿੱਲ ਤੇ ਖੇਤੀਬਾੜੀ ਅਫ਼ਸਰ ਡਾ ਬਲਜਿੰਦਰ ਸਿੰਘ ਦੀ ਰਹਿਨੁਮਾਈ ਹੇਠ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਨੇ ਨਰਮੇ ਦੀ ਫਸਲ ਨੂੰ ਕਾਮਯਾਬ ਕਰਨ ਲਈ ਜ਼ਿਲ੍ਹੇ ਦੇ ਪਿੰਡ ਮਹਿਮਾ ਭਗਵਾਨਾ ਵਿਖੇ ਕਿਸਾਨ ਸਿਖਲਾਈ ਕੈਂਪ ਦਾ ਆਯੋਜਨ ਕੀਤਾ। ਕੈਂਪ ਦੌਰਾਨ ਡਾ. ਸਰਬਜੀਤ ਸਿੰਘ ਨੇ ਦੱਸਿਆ ਕਿ ਨਰਮੇ ਦੀਆਂ ਪੁਰਾਣੀਆਂ ਛਿਟੀਆਂ ਨੂੰ ਖੇਤਾਂ ਦੇ ਕਿਨਾਰੇ ਨਹੀਂ ਰੱਖਣਾ ਚਾਹੀਦਾ ਤੇ ਛਿਟੀਆਂ ਝਾੜ ਕੇ ਦੁਬਾਰਾ ਢੇਰ ਲਗਾ ਕੇ, ਛਿਟੀਆਂ ਦੀ ਰਹਿੰਦ-ਖੂਹੰਦ ਨੂੰ ਨਸ਼ਟ ਕਰ ਦਿੱਤਾ ਜਾਵੇ। ਉਨ੍ਹਾਂ ਆਉਂਦੇ ਸਮੇਂ ਵਿੱਚ ਝੋਨੇ ਹੇਠਾਂ ਰਕਬਾ ਘਟਾ ਕੇ ਨਰਮਾ ਅਤੇ ਸਾਉਣੀ ਰੁੱਤ ਦੀ ਮੱਕੀ ਦੀ ਬਿਜਾਈ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡਾ. ਹਰਦੀਪ ਸਿੰਘ ਨੇ ਕਿਸਾਨਾਂ ਨੂੰ ਖੇਤੀ ਸਾਹਿਤ ਤੇ ਖੇਤੀਬਾੜੀ ਵਿਭਾਗ ਨਾਲ ਜੁੜਨ ਦੀ ਸਲਾਹ ਦੇਂਦੀਆਂ ਕਣਕ ਦਾ ਬੀਜ ਆਪਣੇ ਪੱਧਰ ’ਤੇ

ਆਪਣੇ ਖੇਤ ਵਿੱਚ ਹੀ ਤਿਆਰ ਕਰਨ ਲਈ ਪ੍ਰੇਰਿਆ ਤਾਂ ਜੋ ਕਿਸਾਨਾਂ ਨੂੰ ਮਹਿੰਗੇ ਭਾਅ ਦਾ ਬੀਜ ਬਜ਼ਾਰ ਵਿੱਚੋ ਨਾ ਖਰੀਦਣਾ ਪਵੇ।

-------------------------------------------------

ਅੱਜ ਭਗਵਾਨ ਸ਼੍ਰੀ ਹਨੂਮਾਨ ਜਨਮ ਉਤਸਵ ਏ। ਚੇਤ ਮਹੀਨੇ ਦੇ ਹਨੇਰੇ ਪੱਖ ਦੀ ਪੂਰਨਮਾਸ਼ੀ ਨੂੰ ਇਹ ਉਤਸਵ ਮਨਾਇਆ ਜਾਂਦਾ ਏ। ਇਸ ਸ਼ੁਭ ਮੌਕੇ ਤੇ ਮੰਦਰਾਂ ਵਿਚ ਸਵੇਰ ਤੋਂ ਹੀ ਭਗਵਾਨ ਹਨੂਮਾਨ ਜੀ ਦੀ ਪੂਜਾ ਅਰਚਨਾ ਪੂਰੀ ਸ਼ਰਧਾ ਨਾਲ ਕੀਤੀ ਜਾ ਰਹੀ ਏ। ਮੰਦਰਾਂ ਵਿਚ ਸੁੰਦਰਕਾਂਡ ਦੇ ਪਾਠ ਵੀ ਚੱਲ ਰਹੇ ਨੇ। ਸ਼੍ਰੀ ਹਨੂਮਾਨ ਚਾਲੀਸਾ ਵਿਚਾਲੇ ਹਨੂਮਾਨ ਜੀ ਨੂੰ ਲਾਲ ਰੰਗ ਦੇ ਫਲ, ਫੁੱਲ, ਸਿੰਦੂਰ, ਲੱਡੂ, ਗੁੜ ਅਤੇ ਛੋਲੇ ਅਰਪਿਤ ਕੀਤੇ ਜਾ ਰਹੇ ਨੇ।

-------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਹਨੂੰਮਾਨ ਜਯੰਤੀ ਦੇ ਮੌਕੇ 'ਤੇ ਲੋਕਾਂ ਨੂੰ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਭਗਵਾਨ ਹਨੂੰਮਾਨ ਜੀ ਨੂੰ ਯਾਦ ਕਰਦੇ ਹੋਏ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਪਵਨ ਪੁੱਤਰ ਦਾ ਸਮਰਪਣ ਸਾਰੇ ਰਾਮ ਭਗਤਾਂ ਲਈ ਪ੍ਰੇਰਣਾਦਾਇਕ ਏ

। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਾਮਨਾ ਕੀਤੀ ਏ ਕਿ ਭਗਵਾਨ ਹਨੂੰਮਾਨ ਜੀ ਦੇ ਆਸ਼ੀਰਵਾਦ ਨਾਲ ਵਿਕਸਿਤ ਭਾਰਤ ਨੂੰ ਨਵੀਂ ਊਰਜਾ ਮਿਲੇਗੀ।